# ਈਰਾਨ ਦੇ ਰਾਸ਼ਟਰਪਤੀ ਅਤੇ ਵਿਦੇਸ਼ ਮੰਤਰੀ ਦੇ ਅਕਾਲ ਚਲਾਣੇ 'ਤੇ ਭਾਰਤ ਵਲੋਂ ਇੱਕ ਦਿਨ ਦੇ ਰਾਸ਼ਟਰੀ ਸੋਗ ਦਾ ਐਲਾਨ ਕੀਤਾ ਗਿਆ

ਮਈ 20, 2024

ਭਾਰਤ ਸਰਕਾਰ ਨੇ ਇਸਲਾਮੀ ਗਣਰਾਜ ਇਰਾਨ ਦੇ ਰਾਸ਼ਟਰਪਤੀ, ਮਹਾਮਹਿਮ ਡਾ. ਸਈਦ ਇਬਰਾਹਿਮ ਰਈਸੀ ਅਤੇ ਇਸਲਾਮੀ ਗਣਰਾਜ ਈਰਾਨ ਦੇ ਵਿਦੇਸ਼ ਮੰਤਰੀ, ਮਹਾਮਹਿਮ ਹੁਸੈਨ ਅਮੀਰ-ਅਬਦੋੱਲਾਹਿਆਨ, ਜਿਨ੍ਹਾਂ ਦੀ ਇੱਕ ਹੈਲੀਕਾਪਟਰ ਹਾਦਸੇ ਵਿੱਚ ਦੁਖਦਾਈ ਮੌਤ ਹੋ ਗਈ ਹੈ, ਦੇ ਸਨਮਾਨ ਵਿੱਚ 21 ਮਈ, 2024 ਨੂੰ ਇੱਕ ਦਿਨ ਦੇ ਰਾਸ਼ਟਰੀ ਸੋਗ ਦਾ ਐਲਾਨ ਕੀਤਾ ਹੈ। ਸੋਗ ਦੇ ਦਿਹਾੜੇ, ਪੂਰੇ ਭਾਰਤ ਵਿੱਚ ਉਨ੍ਹਾਂ ਸਾਰੀਆਂ ਇਮਾਰਤਾਂ 'ਤੇ, ਜਿੱਥੇ ਰਾਸ਼ਟਰੀ ਝੰਡਾ ਨਿਯਮਿਤ ਤੌਰ ਉੱਤੇ ਲਹਿਰਾਇਆ ਜਾਂਦਾ ਹੈ, ਉਥੇ ਰਾਸ਼ਟਰੀ ਝੰਡਾ ਅੱਧਾ ਝੁਕਾਇਆ ਜਾਵੇਗਾ ਅਤੇ ਇਸ ਦਿਨ ਕੋਈ ਸਰਕਾਰੀ ਮਨੋਰੰਜਨ ਨਹੀਂ ਹੋਵੇਗਾ।

ਭਾਰਤ ਦੇ ਪ੍ਰਧਾਨ ਮੰਤਰੀ ਸ਼੍ਰੀ ਨਰੇਂਦਰ ਮੋਦੀ ਅਤੇ ਵਿਦੇਸ਼ ਮੰਤਰੀ ਡਾ. ਐੱਸ. ਜੈਸ਼ੰਕਰ ਨੇ ਮਹਾਮਹਿਮ ਡਾ. ਸਈਦ ਇਬਰਾਹਿਮ ਰਈਸੀ ਅਤੇ ਮਹਾਮਹਿਮ ਹੁਸੈਨ ਅਮੀਰ-ਅਬਦੋਲਾਹੀਅਨ ਦੇ ਅਕਾਲ ਚਲਾਣੇ 'ਤੇ ਸੋਗ ਪ੍ਰਗਟ ਕੀਤਾ ਹੈ। ਉਨ੍ਹਾਂ ਨੇ ਆਪਣੇ ਸੰਦੇਸ਼ਾਂ ਵਿੱਚ, ਦੋਵੇਂ ਨੇਤਾਵਾਂ ਦੁਆਰਾ ਭਾਰਤ-ਈਰਾਨ ਸਬੰਧਾਂ ਨੂੰ ਮਜ਼ਬੂਤ ਕਰਨ ਲਈ ਨਿਭਾਈ ਗਈ ਮਹੱਤਵਪੂਰਨ ਭੂਮਿਕਾ ਦਾ ਜ਼ਿਕਰ ਕੀਤਾ।

**ਨਵੀਂ ਦਿੱਲੀ**
**ਮਈ 20, 2024**